# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :06-01-2026**

ਪੰਜਾਬ ਪੁਲਿਸ ਨੇ ਸਰਹੱਦੀ ਜ਼ਿਲ੍ਹਾ ਪਠਾਨਕੋਟ ਵਿਚ ਇਕ 14 ਸਾਲਾ ਨਾਬਾਲਗ ਨੂੰ ਹਿਰਾਸਤ ਵਿੱਚ ਲਿਆ ਏ , ਜੋ ਜੰਮੂ ਸਥਿਤ ਸੰਵੇਦਨਸ਼ੀਲ ਰੱਖਿਆ ਸਥਾਨਾਂ ਦੀਆਂ ਵੀਡੀਓ ਤੇ ਫੋਟੋਆਂ ਆਪਣੇ ਪਾਕਿਸਤਾਨ ਬੈਠੇ ਹੈਂਡਲਰਾਂ ਨੂੰ ਭੇਜਦਾ ਸੀ। ਇਹਨਾਂ ਹੈਂਡਲਰਾਂ ਵਿੱਚ ਫੌਜ ਦੇ ਅਧਿਕਾਰੀ ਤੇ ਆਈ.ਐਸ.ਆਈ. ਏਜੰਟ ਸ਼ਾਮਲ ਨੇ । ਇਹ ਨਾਬਾਲਗ ਪਿਛਲੇ ਇਕ ਸਾਲ ਦੇ ਵੱਧ ਸਮੇਂ ਤੋਂ ਇਕ ਔਨਲਾਈਨ ਚੈਟਰੂਮ ਰਾਹੀਂ ਉਨ੍ਹਾਂ ਦੇ ਸੰਪਰਕ ਵਿੱਚ ਸੀ। ਸਾਡੇ ਪਠਾਨਕੋਟ ਵਾਲੇ ਪੱਤਰਕਾਰ ਨੇ ਜ਼ਿਲਾ ਪੁਲਿਸ ਮੁਖੀ ਦਿਲਜਿੰਦਰ ਸਿੰਘ ਢਿੱਲੋਂ ਦੇ ਹਵਾਲੇ ਤੋਂ ਦੱਸਿਆ ਕਿ ਪੁਲਿਸ ਨੂੰ ਉਸ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਮਿਲ ਰਹੀ ਸੀ ਤੇ ਜਦੋਂ ਉਹ ਕੁਝ ਸੰਵੇਦਨਸ਼ੀਲ ਜਾਣਕਾਰੀ ਇਕੱਠੀ ਕਰਨ ਲਈ ਪਠਾਨਕੋਟ ਵਿੱਚ ਸੀ ਤਾਂ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ । ਢਿੱਲੋਂ ਨੇ ਕਿਹਾ ਕਿ ਪੰਜਾਬ

ਪੁਲਿਸ ਕੇਂਦਰੀ ਏਜੰਸੀਆਂ ਨਾਲ ਤਾਲਮੇਲ ਕਰਕੇ ਕੁਝ ਹੋਰ ਨੌਜਵਾਨਾਂ ਦੀ ਸ਼ਮੂਲੀਅਤ ਦਾ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਏ, ਜੋ ਪੰਜਾਬ, ਹਰਿਆਣਾ ਤੇ ਜੰਮੂ-ਕਸ਼ਮੀਰ ਵਿੱਚ ਰਹਿ ਰਹੇ ਨੇ। ਉਹ ਜਾਂ ਤਾਂ ਉਸ ਦੇ ਸਾਥੀ ਨੇ  ਜਾਂ ਵਾੜ ਦੇ ਪਾਰ ਬੈਠੇ ਆਪਣੇ ਹੈਂਡਲਰਾਂ ਨੂੰ ਸੰਵੇਦਨਸ਼ੀਲ ਜਾਣਕਾਰੀ ਲੀਕ ਕਰਨ ਲਈ ਸੁਤੰਤਰ ਤੌਰ 'ਤੇ ਕੰਮ ਕਰ ਰਹੇ ਨੇ। ਢਿੱਲੋਂ ਨੇ ਕਿਹਾ ਕਿ ਨਾਬਾਲਗ ਦੇ ਫੋਨ ਨੂੰ ਉਸ ਦੇ ਹੈਂਡਲਰਾਂ ਦੁਆਰਾ ਵੀ ਕਲੋਨ ਕੀਤਾ ਗਿਆ ਸੀ ਤਾਂ ਜੋ ਉਸ ਨੂੰ ਜੋ ਵੀ ਜਾਣਕਾਰੀ ਮਿਲਦੀ ਏ ਜਾਂ ਫੋਟੋਆਂ ਕਲਿੱਕ ਕੀਤੀਆਂ ਜਾਂਦੀਆਂ ਨੇ, ਉਹ ਸਿੱਧੇ ਤੌਰ 'ਤੇ ਉਹ ਵੀ ਦੇਖ ਸਕਣ। ਨੌਜਵਾਨ ਨੂੰ ਉਸ ਦੇ ਹੈਂਡਲਰਾਂ ਦੁਆਰਾ ਭਾਵਨਾਤਮਕ ਤੌਰ 'ਤੇ ਬਲੈਕਮੇਲ ਤੇ ਕੱਟੜਪੰਥੀ ਬਣਾਇਆ ਗਿਆ ਸੀ ਤਾਂ ਜੋ ਉਹ ਸੋਸ਼ਲ ਮੀਡੀਆ ਪਲੇਟਫਾਰਮ ਰਾਹੀਂ ਫੌਜ ਤੇ ਹਵਾਈ ਫੌਜ ਦੇ ਟਿਕਾਣਿਆਂ ਦੀਆਂ ਤਸਵੀਰਾਂ ਭੇਜ ਕੇ ਜੰਮੂ ਵਿੱਚ ਆਪਣੇ ਪਿਤਾ ਦੀ ਕਥਿਤ ਹੱਤਿਆ ਦਾ ਬਦਲਾ ਲੈ ਸਕੇ।  ਢਿੱਲੋਂ ਨੇ ਕਿਹਾ ਹਾਲਾਂਕਿ ਉਸ ਦੇ ਪਿਤਾ ਨੂੰ ਮਾਰਿਆ ਨਹੀਂ ਗਿਆ ਸੀ ਬਲਕਿ ਉਨਾਂ ਦੀ ਮੌਤ ਹੋਈ ਸੀ।

------------------------------------------

ਭਾਰਤ ਸਰਕਾਰ ਦੇ ਇੰਸਟੀਚਿਊਟ ਆਫ਼ ਲੈਦਰ ਐਂਡ ਫੁੱਟਵੀਅਰ ਟੈਕਨਾਲੋਜੀ ਜਲੰਧਰ ਨੇ ਮੇਰਠ ਦੇ ਪ੍ਰੋਸੈਸ ਐਂਡ ਪ੍ਰੋਡਕਟ ਡਿਵੈਲਪਮੈਂਟ ਸੈਂਟਰ (PPDC) ਨਾਲ ਇਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ ਨੇ ਤਾਂ ਜੋ ਸ਼ਹਿਰ ਦੇ ਵਿਸ਼ਵ ਪੱਧਰ 'ਤੇ ਪ੍ਰਸਿੱਧ ਖੇਡਾਂ ਦੇ ਸਮਾਨ ਦੇ ਨਿਰਮਾਣ ਖੇਤਰ ਨੂੰ ਮਜ਼ਬੂਤ ਕੀਤਾ ਜਾ ਸਕੇ। ਨੀਤੀ ਆਯੋਗ ਨੇ ਇਸ ਖੇਤਰ ਵਿੱਚ ਤਕਨਾਲੋਜੀ ਅਪਗ੍ਰੇਡੇਸ਼ਨ ਨੂੰ ਅੱਗੇ ਵਧਾਉਣ ਲਈ ਪੰਜਾਬ ਸਰਕਾਰ ਨਾਲ ਭਾਈਵਾਲੀ ਕੀਤੀ ਏ। ਪ੍ਰਸਤਾਵਿਤ ਕੇਂਦਰ ਖੇਡ ਉਦਯੋਗ ਵਿੱਚ ਵਿਕਸਤ ਹੋ ਰਹੇ ਵਿਸ਼ਵ ਪੱਧਰੀ ਮਾਪਦੰਡਾਂ ਨੂੰ ਪੂਰਾ ਕਰਨ ਲਈ ਟੈਸਟਿੰਗ, ਸਿਖਲਾਈ, ਹੁਨਰ ਵਿਕਾਸ ਤੇ ਖੋਜ ਤੇ ਵਿਕਾਸ ਲਈ ਅਤਿ-ਆਧੁਨਿਕ ਸਹੂਲਤਾਂ ਦੀ ਪੇਸ਼ਕਸ਼ ਕਰੇਗਾ। ਇਹ ਚਮੜਾ ਉਦਯੋਗ ਦੀਆਂ ਖਾਸ ਜ਼ਰੂਰਤਾਂ ਨੂੰ ਸਮਝਣ ਤੇ ਆਧੁਨਿਕ ਤਕਨਾਲੋਜੀਆਂ, ਆਟੋਮੇਸ਼ਨ ਤੇ ਟਿਕਾਊ ਨਿਰਮਾਣ ਅਭਿਆਸਾਂ ਨਾਲ ਜੁੜੇ ਇਕ ਹੁਨਰਮੰਦ ਕਾਰਜਬਲ ਤਿਆਰ ਕਰਨ 'ਤੇ ਵੀ ਧਿਆਨ ਕੇਂਦਰਿਤ ਕਰੇਗਾ। ਇਹ ਐਲਾਨ ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਸੰਜੀਵ

ਅਰੋੜਾ ਨੇ ਕੱਲ੍ਹ ਜਲੰਧਰ ਵਿੱਚ ਖੇਡਾਂ ਦੇ ਸਮਾਨ ਨਿਰਮਾਣ 'ਤੇ ਇਕ ਹਿੱਸੇਦਾਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਇਹ ਮੀਟਿੰਗ ਨੀਤੀ ਆਯੋਗ ਦੁਆਰਾ ਸਾਂਝੇ ਤੌਰ 'ਤੇ ਆਯੋਜਿਤ ਕੀਤੀ ਗਈ ਸੀ, ਜਿਸ ਦੀ ਨੁਮਾਇੰਦਗੀ ਇਸ ਦੇ ਉਪ-ਚੇਅਰਮੈਨ ਸੁਮਨ ਬੇਰੀ ਤੇ ਸੀਨੀਅਰ ਸਲਾਹਕਾਰ ਸੰਜੀਤ ਸਿੰਘ ਨੇ ਰਾਜ ਦੇ ਖੇਡ ਉਦਯੋਗ ਨੂੰ ਹੋਰ ਅੱਗੇ ਵਧਾਉਣ ਲਈ ਕੀਤੀ। ਭਾਰਤ ਚ  ਖੇਡਾਂ ਦੇ ਸਮਾਨ ਦੇ ਨਿਰਮਾਣ ਵਿੱਚ ਪੰਜਾਬ ਸਭ ਤੋਂ ਵੱਡੇ ਯੋਗਦਾਨ ਪਾਉਣ ਵਜੋਂ ਉਭਰਿਆ ਹੈ, ਜੋ ਕਿ ਰਾਸ਼ਟਰੀ ਉਤਪਾਦਨ ਦਾ ਲਗਭਗ 65 ਫ਼ੀਸਦੀ  ਤੇ ਨਿਰਯਾਤ ਦਾ ਲਗਭਗ 70 ਫ਼ੀਸਦੀ ਏ।

---------------------------------------------------------

ਪੰਜਾਬ ਪੁਲਿਸ ਦੀ ਐਂਟੀ-ਨਾਰਕੋਟਿਕਸ ਟਾਸਕ ਫੋਰਸ (ਏ.ਐਨ.ਟੀ.ਐਫ.) ਬਾਰਡਰ ਰੇਂਜ ਨੇ ਅੱਜ ਸਰਹੱਦੀ ਸੁਰੱਖਿਆ ਬਲ (ਬੀ.ਐਸ.ਐਫ.) ਨਾਲ ਸਾਂਝੇ ਆਪ੍ਰੇਸ਼ਨ ਵਿੱਚ ਅੰਮ੍ਰਿਤਸਰ ਦੇ ਇੱਕ ਸਰਹੱਦੀ ਪਿੰਡ ਤੋਂ ਲਗਭਗ 20 ਕਿਲੋਗ੍ਰਾਮ ਹੈਰੋਇਨ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਸਪਲਾਈ ਚੇਨ ਦਾ ਪ੍ਰਬੰਧਨ

ਕਰਨ ਵਾਲੇ ਮੁੱਖ ਸੰਚਾਲਕ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ ਏ । ਪੁਲਿਸ ਸੂਤਰਾਂ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਚੱਲਦਾ ਏ  ਕਿ ਦੋਸ਼ੀ ਮੁੱਖ ਸੰਚਾਲਕ ਪਾਕਿਸਤਾਨ-ਅਧਾਰਤ ਹੈਂਡਲਰਾਂ ਨਾਲ ਜੁੜਿਆ ਹੋਇਆ ਸੀ ਤੇ ਪੂਰੇ ਖੇਤਰ ਵਿੱਚ ਨਸ਼ੀਲੇ ਪਦਾਰਥਾਂ ਦੀ ਖੇਪ ਦੀ ਡਿਲਿਵਰੀ ਤੇ ਵੰਡ ਦਾ ਤਾਲਮੇਲ ਕਰ ਰਿਹਾ ਸੀ। ਮਾਮਲੇ ਵਿਚ  ਹੋਰ ਜਾਂਚ ਜਾਰੀ ਏ ।

---------------------------------------------------------------

ਸੂਬੇ ਵਿੱਚ 10 ਲੱਖ ਦੀ ਨਕਦ-ਰਹਿਤ ਸਿਹਤ ਬੀਮਾ ਯੋਜਨਾ ਦੀ ਨਿਰਵਿਘਨ ਤੇ ਸੁਚਾਰੂ ਸ਼ੁਰੂਆਤ ਵੱਲ ਅਹਿਮ ਕਦਮ ਚੁੱਕਦਿਆਂ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਮੁੱਖ ਮੰਤਰੀ ਸਿਹਤ ਯੋਜਨਾ (ਐਮ.ਐਮ.ਐਸ.ਵਾਈ.) ਦੇ ਲਾਗੂਕਰਨ ਦੀ ਨਜ਼ਰਸਾਨੀ ਲਈ ਚੰਡੀਗੜ੍ਹ ਵਿਖੇ  ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ । ਸਟੇਟ ਹੈਲਥ ਏਜੰਸੀ (ਐਸ.ਐਚ.ਏ.) ਪੰਜਾਬ ਵਿਖੇ ਹੋਈ ਇਸ ਮੀਟਿੰਗ ਵਿੱਚ ਜਨਤਕ ਅਤੇ ਪ੍ਰਾਈਵੇਟ ਸਿਹਤ ਸੰਭਾਲ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ। ਡਾ. ਬਲਬੀਰ ਸਿੰਘ ਨੇ

ਕਿਹਾ  ਕਿ ਪੰਜਾਬ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਪੰਜਾਬ ਦੇ ਹਰ ਨਿਵਾਸੀ ਨੂੰ ਬਿਨਾਂ ਕਿਸੇ ਵਿੱਤੀ ਬੋਝ ਤੋਂ ਮਿਆਰੀ ਸਿਹਤ ਸਹੂਲਤਾਂ ਪ੍ਰਾਪਤ ਹੋਣ ਤੇ ਇਹ ਸਿਰਫ ਸਰਕਾਰ, ਡਾਕਟਰਾਂ ਤੇ ਸਿਹਤ ਸੰਭਾਲ ਸੰਸਥਾਵਾਂ ਦੇ ਸਹਿਯੋਗ ਰਾਹੀਂ ਹੀ  ਸੰਭਵ ਹੋ ਸਕਦਾ ਏ। ਉਨ੍ਹਾਂ ਕਿਹਾ ਕਿ ਯੋਜਨਾ ਤਹਿਤ ਸਰਵੋਤਮ ਸੇਵਾ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਨੈਤਿਕ ਆਚਰਣ ਅਤੇ ਪਾਰਦਰਸ਼ਤਾ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ।

---------------------------------------------------------------

ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਵਲਟੋਹਾ ਸੰਧੂਆਂ ਦੇ ਸਰਪੰਚ ਜਰਮਲ ਸਿੰਘ ਦੀ ਹੱਤਿਆ ਦੀ ਸਖ਼ਤ ਸ਼ਬਦਾਂ ‘ਚ ਨਿੰਦਾ ਕਰਦਿਆਂ  ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ (ਆਪ) ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਸਮਾਜ ਵਿਰੋਧੀ ਅਨਸਰਾਂ ਨੂੰ ਸਖ਼ਤ ਚੇਤਾਵਨੀ ਦਿੱਤੀ ਏ ਕਿ ਜਿਨ੍ਹਾਂ ਇਸ ਘਿਨਾਉਣੇ ਅਪਰਾਧ ਨੂੰ ਅੰਜ਼ਾਮ ਦਿੱਤਾ ਏ, ਉਨ੍ਹਾਂ  ਨੂੰ ਬਖਸ਼ਿਆ ਨਹੀਂ ਜਾਵੇਗਾ। ਅਮਨ ਅਰੋੜਾ ਨੇ ਸਰਪੰਚ ਜਰਮਲ ਸਿੰਘ, ਦੇ ਪਰਿਵਾਰ ਨਾਲ ਮੁਲਾਕਾਤ ਕੀਤੀ ਤੇ ਦੁੱਖ ਵੰਡਾਇਆ। ਇਸ ਮੌਕੇ

ਅਫ਼ਸੋਸ ਪ੍ਰਗਟ ਕਰਦਿਆਂ ਕੈਬਨਿਟ ਮੰਤਰੀ ਨੇ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਇਸ ਔਖੇ ਸਮੇ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਏ। ਅਮਨ ਅਰੋੜਾ ਨੇ ਕਿਹਾ ਕਿ ਪੁਲਿਸ ਸਰਗਰਮੀ ਤੇ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰ ਰਹੀ ਏ  ਤੇ ਮੁਲਜ਼ਮ ਜਲਦ ਹੀ ਕਾਨੂੰਨ ਦੇ ਕਟਹਿਰੇ ਵਿਚ ਹੋਣਗੇ।

---------------------------------------------------------------------